## VIGILANCE BUREAU PUNJAB

## VIGILANCE NABS AGRICULTURE DEVELOPMENT OFFICER FOR TAKING BRIBE

Chandigarh, September 25: Punjab Vigilance Bureau, today nabbed an Agriculture Development Officer (ADO) posted at Sangrur red handed while accepting bribe of Rs 25000/-.

Disclosing this here an official spokesperson of the Vigilance Bureau said ADO Jaskanwal Singh was nabbed red handed on the complaint of Amrik Singh of village Katron in district Sangrur. The complainant has approached the VB and alleged that the accused ADO was demanding Rs 30,000 for giving approval to transfer his pesticides license in his brother's name and the deal was struck at Rs. 25,000/-.

After verifying his information, the vigilance team laid a trap and the accused ADO was arrested on the spot while taking bribe of Rs. 25000 from the complainant in the presence of two official witnesses.

He informed that a case under Prevention of Corruption Act has been registered against the accused VB police station Patiala and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਖੇਤੀਬਾੜੀ ਵਿਕਾਸ ਅਫਸਰ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 25 ਸਤੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸੰਗਰੂਰ ਵਿਖੇ ਤਾਇਨਾਤ ਖੇਤੀਬਾੜੀ ਵਿਕਾਸ ਅਫਸਰ ਜਸਕੰਵਲ ਸਿੰਘ ਨੂੰ 25000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਖੇਤੀਬਾੜੀ ਅਫਸਰ ਨੂੰ ਸ਼ਿਕਾਇਤਕਰਤਾ ਅਮਰੀਕ ਸਿੰਘ ਵਾਸੀ ਪਿੰਡ ਕਾਤਰੋਂ, ਜਿਲਾ ਸੰਗਰੂਰ ਦੀ ਸ਼ਿਕਾਇਤ 'ਤੇ ਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਕੀੜੇ ਮਾਰ ਦਵਾਈਆਂ ਦੀ ਦੁਕਾਨ ਹੈ ਅਤੇ ਉਸ ਦੀ ਦੁਕਾਨ ਦਾ ਲਾਈਸੈਂਸ ਆਪਣੇ ਭਰਾ ਦੇ ਨਾਮ 'ਤੇ ਕਰਾਉਣ ਬਦਲੇ ਉਕਤ ਖੇਤੀਬਾੜੀ ਅਫਸਰ ਵਲੋਂ 30,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 25,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਖੇਤੀਬਾੜੀ ਅਫਸਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।